# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 23-02-2026**

## ਪਹਿਲਾਂ ਬੁਲੇਟਿਨ ਦੀਆਂ ਖਾਸ ਖਬਰਾਂ

- ਗ੍ਰਹਿ ਅਤੇ ਸਹਿਕਾਰਤਾ ਮੰਤਰੀ ਅਮਿਤ ਸ਼ਾਹ ਨੇ ਕਿਹੈ ਕਿ "ਭਾਰਤ ਟੈਕਸੀ, ਸਹਿਕਾਰੀ ਸਭਾ, ਡਰਾਈਵਰਾਂ ਨੂੰ ਉਨ੍ਹਾਂ ਦੇ ਕੰਮ ਦੀ ਮਾਲਕੀ ਦੇ ਕੇ ਉਨ੍ਹਾਂ ਨੂੰ ਮਜ਼ਬੂਤ ਬਣਾਏਗੀ।

- ਪੰਜਾਬ ਮੰਤਰੀ ਮੰਡਲ ਵਲੋਂ ਬੀਤੇ ਸਾਲ ਆਏ ਹੜ੍ਹਾਂ ਤੋਂ ਪ੍ਰਭਾਵਿਤ ਕਿਸਾਨਾਂ ਨੂੰ ਮੁਆਵਜ਼ਾ ਦੇਣ ਲਈ ਇੱਕ ਤਿੰਨ ਮੈਂਬਰੀ ਕਮੇਟੀ ਗਠਿਤ ਕਰਨ ਐਲਾਨ. ਆਬਕਾਰੀ ਨੀਤੀ ਦਾ ਵੀ ਐਲਾਨੀ ਗਈ.

- ਪੰਜਾਬ ਦਾ ਬਜਟ 8 ਮਾਰਚ ਨੂੰ ਅੰਤਰਰਾਸ਼ਟਰੀ ਮਹਿਲਾ ਦਿਵਸ 'ਤੇ ਪੇਸ਼ ਕੀਤਾ ਜਾਵੇਗਾ।

- ਗੁਰਦਾਸਪੁਰ ‘ਚ ਕੱਲ੍ਹ ਮ੍ਰਿਤਕ ਪਾਏ ਗਏ ਡਿਊਟੀ 'ਤੇ ਤਾਇਨਾਤ ਪੰਜਾਬ ਪੁਲਿਸ ਦੇ ਦੋ ਮੁਲਾਜ਼ਮਾਂ ਦਾ ਅੱਜ ਪੁਲਿਸ ਸਨਮਾਨਾਂ ਨਾਲ ਅੰਤਿਮ ਸੰਸਕਾਰ ਕਰ ਦਿੱਤਾ ਗਿਆ।

- ਪੰਜਾਬ ਸਰਕਾਰ ਨੇ ਅਪ੍ਰੈਲ ਤੋਂ 'ਮੇਰੀ ਰਸੋਈ' ਯੋਜਨਾ ਤਹਿਤ ਸੂਬੇ ਦੇ ਸਾਰੇ 40 ਲੱਖ ਨੀਲੇ ਕਾਰਡ ਧਾਰਕਾਂ ਨੂੰ ਰਾਸ਼ਨ ਕਿੱਟਾਂ ਵੰਡਣ ਦਾ ਫੈਸਲਾ ਕੀਤਾ ਏ ।

## <u>ਹੁਣ ਖਬਰਾਂ ਵਿਸਥਾਰ ਨਾਲ</u>

ਸਹਿਕਾਰਤਾ ਮੰਤਰੀ ਅਮਿਤ ਸ਼ਾਹ ਨੇ ਨਵੀਂ ਦਿੱਲੀ ਵਿੱਚ ਭਾਰਤ ਟੈਕਸੀ ਦੇ ਸਾਰਥੀ ਡਰਾਈਵਰਾਂ ਨਾਲ ਗੱਲਬਾਤ ਕੀਤੀ। ਅੱਜ ਜਾਰੀ ਕੀਤੇ ਗਏ ਇੱਕ ਵੀਡੀਓ ਵਿੱਚ, ਸ਼੍ਰੀ ਸ਼ਾਹ ਨੇ ਕਿਹਾ ਕਿ ਭਾਰਤ ਟੈਕਸੀ ਸਹਿਕਾਰੀ ਸਭਾਵਾਂ  ਦਾ ਉਦੇਸ਼ ਡਰਾਈਵਰਾਂ ਨੂੰ ਉਨ੍ਹਾਂ ਦੇ ਕੰਮ ਦੀ ਮਾਲਕੀ ਦੇ ਕੇ ਓਹਨਾਂ ਦਾ ਸ਼ਕਤੀਕਰਨ ਕਰਨਾ ਏ । ਉਨ੍ਹਾਂ ਦੱਸਿਆ ਕਿ ਇਸ ਪਹਿਲ ਦਾ ਉਦੇਸ਼ ਨਿੱਜੀ ਟੈਕਸੀ ਸੇਵਾ ਕੰਪਨੀਆਂ ਨਾਲ ਜੁੜੀਆਂ ਸਮੱਸਿਆਵਾਂ ਨੂੰ ਦੂਰ ਕਰਨਾ ਅਤੇ ਇਹ ਯਕੀਨੀ ਬਣਾਉਣਾ ਏ ਕਿ ਲਾਭ ਸਹਿਕਾਰੀ ਨੂੰ ਨਹੀਂ, ਸਗੋਂ ਡਰਾਈਵਰਾਂ ਨੂੰ ਮਿਲਣ।

byte

ਭਾਰਤ ਟੈਕਸੀ ਦੀ ਵਿਲੱਖਣ ਸਾਰਥੀ ਦੀਦੀ ਪਹਿਲਕਦਮੀ ਦਾ ਹਵਾਲਾ ਦਿੰਦਿਆਂ, ਸ਼੍ਰੀ ਸ਼ਾਹ ਨੇ ਕਿਹਾ ਕਿ ਇਸ ਸਹੂਲਤ ਰਾਹੀਂ, ਔਰਤ ਯਾਤਰੀ ਆਪਣੀ ਯਾਤਰਾ ਲਈ ਔਰਤ ਡਰਾਈਵਰਾਂ ਦੀ ਚੋਣ ਕਰ ਸਕਦੀਆਂ ਨੇ. ਸ਼੍ਰੀ ਸ਼ਾਹ ਨੇ ਕਿਹਾ ਕਿ ਭਾਰਤ ਟੈਕਸੀ ਦੀਆਂ ਔਰਤ ਸਾਰਥੀ ਡਰਾਈਵਰਾਂ ਨੂੰ ਬੀਮਾ ਲਾਭ ਅਤੇ ਆਸਾਨ ਕਰਜ਼ਾ ਸਹੂਲਤਾਂ ਪ੍ਰਾਪਤ ਹੋਣਗੀਆਂ। ਉਨ੍ਹਾਂ ਇਹ ਵੀ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਔਰਤਾਂ ਦੀ ਸੁਰੱਖਿਆ ਲਈ ਇਸ APP ਵਿਚ ਵਿਸ਼ੇਸ਼ ਉਪਾਅ ਸ਼ਾਮਲ ਕੀਤੇ ਜਾਣਗੇ-

byte

---------------------------------------------------------------------------

ਪੰਜਾਬ ਮੰਤਰੀ ਮੰਡਲ ਵਲੋਂ ਅੱਜ ਮੁਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ‘ਚ ਹੋਈ ਮੀਟਿੰਗ ‘ਚ ਕਈ ਅਹਿਮ ਫੈਸਲੇ ਲਏ ਗਏ. ਪੰਜਾਬ ਭਵਨ ਵਿਖੇ ਇੱਕ ਪ੍ਰੈਸ ਕਾਨਫਰੰਸ ‘ਚ ਇਹਨਾਂ ਫੈਸਲਿਆਂ ਬਾਰੇ ਜਾਣਕਾਰੀ ਦਿੰਦਿਆਂ ਪੰਜਾਬ ਦੇ ਖਜ਼ਾਨਾ ਮੰਤਰੀ ਹਰਪਾਲ ਸਿੰਘ ਚੀਮਾ ਨੇ ਨਵੀਂ ਆਬਕਾਰੀ ਨੀਤੀ ਦਾ ਐਲਾਨ ਕੀਤਾ. ਸਾਲ 2026-27 ਦੀ ਨਵੀਂ ਆਬਕਾਰੀ ਨੀਤੀ ਦੇ ਮੁੱਖ ਨੁਕਤਿਆਂ ਬਾਰੇ ਜਾਣਕਾਰੀ ਦਿੰਦਿਆਂ ਸ਼੍ਰੀ ਚੀਮਾ ਨੇ ਦੱਸਿਆ ਕਿ ਸਰਕਾਰ ਨੇ ਮਾਲੀ ਸਾਲ 2025-26 ਦੀਆਂ ਫੀਸਾਂ

ਵਿੱਚ 6.5 ਫੀਸਦੀ ਵਾਧੇ ਨਾਲ ਮੌਜੂਦਾ ਰਿਟੇਲ ਲਾਇਸੈਂਸਾਂ ਦਾ ਨਵੀਨੀਕਰਨ ਕਰਨ ਸੰਬੰਧੀ ਕਦਮ ਚੁਕਿਆ ਏ । ਜਿਨ੍ਹਾਂ ਮਾਮਲਿਆਂ ਵਿੱਚ ਗਰੁੱਪਾਂ ਦਾ ਨਵੀਨੀਕਰਨ ਨਹੀਂ ਹੁੰਦਾ, ਉੱਥੇ ਅਲਾਟਮੈਂਟ ਇੱਕ ਪਾਰਦਰਸ਼ੀ ਈ-ਟੈਂਡਰ ਪ੍ਰਕਿਰਿਆ ਰਾਹੀਂ ਕੀਤੀ ਜਾਵੇਗੀ।" ਖਜ਼ਾਨਾ ਮੰਤਰੀ ਨੇ ਐਲਾਨ ਕੀਤਾ ਕਿ ਪੰਜਾਬ ਵਿਚ ਹੁਣ ਮਲਟ ਮੈਨੂਫੈਕਚਰਿੰਗ ਯੂਨਿਟਾਂ ਦੀ ਸਥਾਪਨਾ ਨੂੰ ਉਤਸ਼ਾਹਿਤ ਕੀਤਾ ਜਾਏਗਾ. ਇਸ ਤੋਂ ਪੰਜਾਬ ਸਰਕਾਰ ਵਲੋਂ ਬੀਤੇ ਸਾਲ ਆਏ ਹੜ੍ਹਾਂ ਤੋਂ ਪ੍ਰਭਾਵਿਤ ਕਿਸਾਨਾਂ ਨੂੰ ਮੁਆਵਜ਼ਾ ਦੇਣ ਲਈ ਇੱਕ ਤਿੰਨ ਮੈਂਬਰੀ ਕਮੇਟੀ ਗਠਿਤ ਕਰਨ ਦਾ ਫੈਸਲਾ ਲਿਆ ਗਿਆ ਏ. ਇਹ ਕਮੇਟੀ ਪ੍ਰਭਾਵਿਤ ਕਿਸਾਨਾਂ ਦੇ ਨੁਕਸਾਨ ਦਾ ਪਤਾ ਕਰਕੇ ਮੁਆਵਜ਼ਾ ਤੈਅ ਕਰੇਗੀ.ਮੰਤਰੀ ਨੇ ਦੱਸਿਆ ਕਿ ਅੱਜ ਹੋਈ ਮੀਟਿੰਗ ‘ਚ ਫੈਸਲਾ ਲਿਆ ਗਿਆ ਏ ਕਿ ਜੋ ਕਿਸਾਨ ਸਰਕਾਰੀ ਜ਼ਮੀਨ ‘ਤੇ ਵੀ ਕਾਸ਼ਤ ਕਰਦੇ ਸਨ ਅਤੇ ਹੜ੍ਹ ਕਾਰਣ ਪ੍ਰਭਾਵਿਤ ਹੋਏ ਸਨ ਓਹਨਾਂ ਨੂੰ ਮੁਆਵਜ਼ਾ ਦਿੱਤਾ ਜਾਏਗਾ. ਓਹਨਾਂ ਇਹ ਵੀ ਕਿਹਾ ਕਿ ਇਸ ਕਮੇਟੀ ਵਿਚ ਸੰਬੰਧਿਤ ਪਿੰਡ ਦਾ ਸਰਪੰਚ ਜਾਂ ਓਹਨਾਂ ਦਾ ਨੁਮਾਇੰਦਾ, ਨੰਬਰਦਾਰ ਤੇ ਪਟਵਾਰੀ ਹੋਣਗੇ ਜੋ ਨੁਕਸਾਨ ਦਾ ਮੁਲੰਕਣ ਕਰਨਗੇ. ਸ੍ਰੀ ਚੀਮਾ ਨੇ ਕਿਹਾ ਕਿ ਇਸ ਕਮੇਟੀ ਵਿਚ ਕਿਸੇ ਸਰਕਾਰੀ ਵਿਅਕਤੀ ਨੂੰ ਇਸ ਕੰਮ ਵਿਚ ਭ੍ਰਿਸ਼ਟਾਚਾਰ ਹੋਣ ਦੇ ਖਤਰੇ ਕਰਕੇ ਨਹੀਂ ਰਖਿਆ ਗਿਆ ਏ. ਓਹਨਾਂ ਦੱਸਿਆ ਕਿ ਪੰਜਾਬ ਲਘੂ ਸਨਅਤ ਅਤੇ

ਨਿਰਯਾਤ ਨਿਗਮ ਦੇ ਪਲਾਟਾਂ ਨਾਲ ਸੰਬੰਧਿਤ ਖਰੀਦਦਾਰਾਂ ਦੀ ONE TIME ਸੈਟਲਮੈਂਟ ਯੋਜਨਾ ਜਿਸਦੀ ਮਿਆਦ 13 ਮਾਰਚ 2025 ਤਕ ਸੀ ਨੂੰ ਵਧਾ ਕੇ 30 ਜੂਨ 2026 ਤਕ ਕਰ ਦਿੱਤਾ ਗਿਆ ਏ . ਹੁਣ ਬਕਾਏ ਦੀ ਅਦਾਇਗੀ ਇਸ ਤਰੀਕ ਤਕ ਹੋ ਸਕੇਗੀ. ਓਹਨਾਂ ਇਹ ਵੀ ਕਿਹਾ ਕਿ ਇਹਨਾਂ ਫੈਸਲਿਆਂ ਤੋਂ ਇਲਾਵਾ ਹੋਰ ਵੀ ਵੱਡੇ ਫੈਸਲੇ ਸੂਬੇ ਦੇ ਅਰਥਚਾਰੇ ਅਤੇ ਵਖ ਵਖ ਵਰਗਾਂ ਨੂੰ ਲੈ ਕੇ ਕੀਤੇ ਗਏ. ਇਸ ਮੌਕੇ ਇਨਫੋਰਸਮੈਂਟ ਦੇ ਅੰਕੜੇ ਸਾਂਝੇ ਕਰਦਿਆਂ ਸ੍ਰੀ ਚੀਮਾ ਨੇ ਗੁਆਂਢੀ ਰਾਜਾਂ ਅਤੇ ਚੰਡੀਗੜ੍ਹ ਤੋਂ ਸ਼ਰਾਬ ਦੀ ਤਸਕਰੀ ਵਿਰੁੱਧ ਪੰਜਾਬ ਸਰਕਾਰ ਦੀ 'ਜ਼ੀਰੋ-ਟਾਲਰੈਂਸ' ਭਾਵ ਬਿਲਕੁਲ ਵੀ ਬਰਦਾਸ਼ਤ ਨਾ ਕਰਨ ਦੀ ਨੀਤੀ ਨੂੰ ਵੀ ਦੁਹਰਾਇਆ।

---

ਪੰਜਾਬ ਦਾ ਬਜਟ 8 ਮਾਰਚ ਨੂੰ ਪੇਸ਼ ਕੀਤਾ ਜਾਵੇਗਾ। ਇਹ ਸੈਸ਼ਨ 6 ਤੋਂ 16 ਮਾਰਚ ਤੱਕ ਚੱਲੇਗਾ । ਇਹ ਜਾਣਕਾਰੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਇੱਕ ਪ੍ਰੈਸ ਕਾਨਫਰੰਸ ਦੌਰਾਨ ਦਿੱਤੀ. ਉਨ੍ਹਾਂ ਕਿਹਾ ਕਿ ਬਜਟ 8 ਮਾਰਚ ਨੂੰ ਅੰਤਰਰਾਸ਼ਟਰੀ ਮਹਿਲਾ ਦਿਵਸ 'ਤੇ ਪੇਸ਼ ਕੀਤਾ ਜਾਵੇਗਾ ।ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਬਜਟ ਸੈਸ਼ਨ ਆਖਰੀ ਹੋਣ ਦੀ ਉਮੀਦ ਏ, ਜਿਸ ਨਾਲ ਇਹ ਸੂਬੇ ਦੀ ਮਾਲੀ

ਯੋਜਨਾਬੰਦੀ ਅਤੇ ਨੀਤੀ ਨਿਰਮਾਣ ਲਈ ਇੱਕ ਮਹੱਤਵਪੂਰਨ ਮੌਕਾ ਬਣ ਜਾਏਗਾ |

-----------------------------------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ''ਯੁੱਧ ਨਸ਼ਿਆਂ ਵਿਰੁੱਧ'' ਮੁਹਿੰਮ ਦੇ ਹਿੱਸੇ ਵਜੋਂ ਅੱਜ ਹੁਸ਼ਿਆਰਪੁਰ ਜ਼ਿਲ੍ਹੇ ਦੇ ਮੁਕੇਰੀਆਂ 'ਚ, ਨਸ਼ਾ ਮੁਕਤ ਸਮਾਜ ਦੇ ਅਹਿਦ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ ''ਨਸ਼ਿਆਂ ਖ਼ਿਲਾਫ਼ ਪੈਦਲ ਯਾਤਰਾ'' ਵਿੱਚ ਹਿੱਸਾ ਲਿਆ। ਪੰਜਾਬ ਦੇ ਸਰਹੱਦੀ ਇਲਾਕਿਆਂ ਤੋਂ ਸ਼ੁਰੂ ਹੋਈ ਇਹ ਯਾਤਰਾ ਹੁਣ ਸੂਬੇ ਦੇ ਅੰਦਰੂਨੀ ਜ਼ਿਲ੍ਹਿਆਂ ਵਿੱਚ ਵੀ ਸ਼ੁਰੂ ਹੋ ਗਈ ਏ। ਇਸ ਪਦਯਾਤਰਾ ਵਿੱਚ ਰਾਜਨੀਤਿਕ, ਪ੍ਰਸ਼ਾਸਨਿਕ, ਸਮਾਜਿਕ ਤੇ ਧਾਰਮਿਕ ਸੰਗਠਨਾਂ, ਵਿਦਿਆਰਥੀਆਂ, ਵਪਾਰੀਆਂ, NGOs ਅਤੇ ਨਾਗਰਿਕਾਂ ਨੇ ਵੱਧ ਚੜ ਕੇ ਹਿੱਸਾ ਲਿਆ। ਇਸ ਦੌਰਾਨ, ਰਾਜਪਾਲ ਨੇ ਜ਼ਿਲ੍ਹੇ ਵਿਚ ਪਿੰਡ ਰੱਖਿਆ ਕਮੇਟੀ ਦੇ ਮੈਂਬਰਾਂ ਨਾਲ ਇਕ ਮਹੱਤਵਪੂਰਨ ਮੀਟਿੰਗ ਕਰਕੇ, ਪਿੰਡ ਪੱਧਰ ’ਤੇ ਨਸ਼ਾ ਰੋਕਥਾਮ, ਭਾਈਚਾਰਕ ਚੌਕਸੀ ਅਤੇ ਨੌਜਵਾਨਾਂ ਨੂੰ ਉਸਾਰੂ  ਗਤੀਵਿਧੀਆਂ ਨਾਲ ਜੋੜਨ ਸੰਬੰਧੀ ਰਣਨੀਤੀਆਂ ’ਤੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ। ਉਨ੍ਹਾਂ ਕਿਹਾ ਕਿ ਨਸ਼ਾ ਸਮਾਜ ਲਈ ਗੰਭੀਰ ਚੁਣੌਤੀ ਏ ਅਤੇ ਇਸ ਨੂੰ ਖਤਮ ਕਰਨ ਲਈ ਸਰਕਾਰ ਦੇ ਨਾਲ-ਨਾਲ ਸਮਾਜਕ ਹਿੱਸੇਦਾਰੀ ਵੀ ਲਾਜ਼ਮੀ ਏ।

---------------------------------------------------------------------------------

ਗੁਰਦਾਸਪੁਰ ਦੇ ਇੱਕ ਪਿੰਡ ਦੀ ਚੈੱਕ ਪੋਸਟ 'ਤੇ ਕੱਲ੍ਹ ਗੋਲੀਆਂ ਲੱਗਣ ਨਾਲ ਮ੍ਰਿਤਕ ਪਾਏ ਗਏ ਡਿਊਟੀ 'ਤੇ ਤਾਇਨਾਤ ਪੰਜਾਬ ਪੁਲਿਸ ਦੇ ਦੋ ਮੁਲਾਜ਼ਮਾਂ ਦਾ ਅੱਜ ਪੁਲਿਸ ਸਨਮਾਨਾਂ ਨਾਲ ਅੰਤਿਮ ਸੰਸਕਾਰ ਕਰ ਦਿੱਤਾ ਗਿਆ। ਮ੍ਰਿਤਕਾਂ ਦੀ ਪਛਾਣ ਸਹਾਇਕ ਸਬ ਇੰਸਪੈਕਟਰ ਗੁਰਨਾਮ ਸਿੰਘ ਅਤੇ ਇੱਕ ਹੋਮ ਗਾਰਡ ਅਸ਼ੋਕ ਕੁਮਾਰ ਵਜੋਂ ਹੋਈ ਏ । ਡੀਜੀਪੀ ਦੇ ਨੁਮਾਇੰਦੇ ਵਜੋਂ ਐਡੀਸ਼ਨਲ ਡੀਜੀਪੀ ਨਰੇਸ਼ ਅਰੋੜਾ ਦੀ ਅਗਵਾਈ ਹੇਠ ਸੀਨੀਅਰ ਪੁਲਿਸ ਅਧਿਕਾਰੀਆਂ ਨੇ ਦੋਵਾਂ ਨੂੰ ਸ਼ਰਧਾਂਜਲੀ ਭੇਂਟ ਕੀਤੀ। ਇਸ ਦੌਰਾਨ, ਦੋਵਾਂ ਨੂੰ ਰਾਜ ਸਰਕਾਰ ਨੇ ਸ਼ਹੀਦ ਐਲਾਨਿਆ ਏ । ਮੁੱਖ ਮੰਤਰੀ ਨੇ ਉਨ੍ਹਾਂ ਦੇ ਪਰਿਵਾਰਾਂ ਲਈ 1-1 ਕਰੋੜ ਰੁਪਏ ਦੀ ਰਾਹਤ ਰਕਮ ਦਾ ਐਲਾਨ ਕੀਤਾ ਏ । ਇਸ ਤੋਂ ਇਲਾਵਾ, ਦੋਵਾਂ ਪਰਿਵਾਰਾਂ ਨੂੰ HDFC ਬੈਂਕ ਵੱਲੋਂ 1 ਕਰੋੜ ਰੁਪਏ ਦੀ ਵਾਧੂ ਬੀਮਾ ਅਦਾਇਗੀ ਵੀ ਪ੍ਰਦਾਨ ਕੀਤੀ ਜਾਵੇਗੀ। ਪੁਲਿਸ ਦੇ ਡਾਇਰੈਕਟਰ ਜਨਰਲ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਐਲਾਨ ਕੀਤਾ ਏ ਕਿ ਦੋਵਾਂ ਨੇ ਡਿਊਟੀ ਦੌਰਾਨ ਆਪਣੀਆਂ ਜਾਨਾਂ ਵਾਰ ਦਿੱਤੀਆਂ. ਓਹਨਾਂ ਇਹ ਵੀ ਕਿਹਾ ਕਿ ਪੰਜਾਬ ਪੁਲਿਸ ਇਸ ਦੁੱਖ ਦੀ ਘੜੀ ਵਿੱਚ ਦੁਖੀ ਪਰਿਵਾਰਾਂ ਨਾਲ ਮਜ਼ਬੂਤੀ ਨਾਲ ਖੜ੍ਹੀ ਏ । ਇਸ ਦੌਰਾਨ, ਸਰਕਾਰੀ ਹਲਕਿਆਂ ਦੇ ਹਵਾਲੇ ਨਾਲ, ਸਾਡੇ ਪੱਤਰਕਾਰ ਨੇ ਖਬਰ ਦਿੱਤੀ ਏ ਕਿ ਉਨ੍ਹਾਂ ਦੀਆਂ

ਦੋਹਾਂ ਕੱਲ੍ਹ ਚੈੱਕ ਪੋਸਟ ਦੇ ਅੰਦਰੋਂ ਮਿਲੀਆਂ ਸਨ। ਜਦੋਂ ਐਡੀਸ਼ਨਲ ਡੀਜੀਪੀ, ਅਰੋੜਾ ਨੂੰ ਪੁੱਛਿਆ ਗਿਆ ਕਿ ਇਹ ਪੰਜਾਬ ਪੁਲਿਸ 'ਤੇ ਹਮਲਾ ਏ, ਤਾਂ ਉਨ੍ਹਾਂ ਕਿਹਾ ਕਿ ਜਾਂਚ ਜਾਰੀ ਏ –

BYTE

-----------------------------------------------------------------------------

ਪੰਜਾਬ ਸਰਕਾਰ ਨੇ ਅਪ੍ਰੈਲ ਤੋਂ 'ਮੇਰੀ ਰਸੋਈ' ਯੋਜਨਾ ਤਹਿਤ ਸੂਬੇ ਦੇ ਸਾਰੇ 40 ਲੱਖ ਨੀਲੇ ਕਾਰਡ ਧਾਰਕਾਂ ਨੂੰ ਰਾਸ਼ਨ ਕਿੱਟਾਂ ਵੰਡਣ ਦਾ ਫੈਸਲਾ ਕੀਤਾ ਏ । ਇਸ ਦਾ ਐਲਾਨ ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ ਚੰਡੀਗੜ੍ਹ ਵਿੱਚ ਪੰਜਾਬ ਮੰਤਰੀ ਮੰਡਲ ਦੀ ਮੀਟਿੰਗ ਤੋਂ ਬਾਅਦ ਕੀਤਾ। ਇਹ ਯੋਜਨਾ ਸਾਰੇ ਨੀਲੇ ਕਾਰਡ ਧਾਰਕਾਂ ਨੂੰ 2 ਕਿਲੋ ਦਾਲ, 2 ਕਿਲੋ ਖੰਡ, 1 ਕਿਲੋ ਆਇਓਡੀਨ ਵਾਲਾ ਨਮਕ, 200 ਗ੍ਰਾਮ ਹਲਦੀ ਅਤੇ 1 ਲੀਟਰ ਸਰ੍ਹੋਂ ਦਾ ਤੇਲ, ਨਾਲ ਹੀ ਹਰ ਮਹੀਨੇ ਮੁਫ਼ਤ ਕਣਕ ਮਿਲਣ ਨੂੰ ਯਕੀਨੀ ਬਣਾਏਗੀ. ਸ੍ਰੀ ਮਾਨ ਨੇ ਕਿਹਾ ਕਿ ਨੀਲੇ ਕਾਰਡ ਧਾਰਕ ਪਰਿਵਾਰਾਂ ਨੂੰ ਤਿੰਨ ਮਹੀਨਿਆਂ ਲਈ ਰਾਸ਼ਨ ਕਿੱਟ ਮਿਲੇਗੀ ਜੋ ਮਾਰਕਫੈੱਡ ਵਲੋਂ ਬਣਾਈ ਜਾਵੇਗੀ ਅਤੇ ਜਨਤਕ ਵੰਡ ਪ੍ਰਣਾਲੀ ਤਹਿਤ ਖੁਰਾਕ ਅਤੇ ਸਿਵਲ ਸਪਲਾਈ ਵਿਭਾਗ ਵਲੋਂ ਵੰਡੀ ਜਾਵੇਗੀ। ਉਨ੍ਹਾਂ ਕਿਹਾ ਕਿ ਸੂਬੇ ਦੇ ਬਹੁਤ ਸਾਰੇ ਬੱਚੇ ਜੋ ਕੁਪੋਸ਼ਣ ਦਾ ਸ਼ਿਕਾਰ ਨੇ ਅਤੇ

ਆਇਰਨ ਦੀ ਘਾਟ ਤੋਂ ਪੀੜਤ ਨੇ, ਇਸ ਯੋਜਨਾ ਤਹਿਤ ਲਾਭ ਪ੍ਰਾਪਤ ਕਰਨਗੇ।

---------------------------------------------------------------------------

ਪੰਜਾਬ ਵਿਧਾਨ ਸਭਾ ਦੇ ਸਪੀਕਰ ਸ੍ਰੀ ਕੁਲਤਾਰ ਸਿੰਘ ਸੰਧਵਾਂ ਨੇ ਫਰੀਦਕੋਟ ਦੇ ਕੋਟਕਪੂਰਾ ਵਿਖੇ ਦੇਵੀ ਵਾਲਾ ਰੋਡ ਤੇ ਰਾਈਜਿੰਗ ਮੇਨ ਤੇ ਕੰਮ ਦਾ ਨੀਂਹ ਪੱਥਰ ਰਖਿਆ. ਇਸ ਡੀ.ਪੀ.ਆਰ ਦੀ ਲਾਗਤ 23 ਕਰੋੜ ਰੁਪਏ ਤੋਂ ਵੱਧ ਏ. ਸ੍ਰੀ ਸੰਧਵਾਂ ਨੇ ਕਿਹਾ ਕਿ ਲੋਕਾਂ ਨੂੰ ਸੀਵਰੇਜ ਤੇ ਬਰਸਾਤੀ ਪਾਣੀ ਦੀ ਸੰਭਾਲ ਸਬੰਧੀ ਹੁਣ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ.

---------------------------------------------------------------------------

ਅੰਮ੍ਰਿਤਸਰ, 'ਚ ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿੱਚ "ਏ.ਆਈ. ਦੀ ਮਦਦ ਨਾਲ ਨਿਰੰਤਰ ਰਹਿਣ ਯੋਗ ਵਿਕਾਸ ਦੇ ਮਾਰਗ" ਵਿਸ਼ੇ 'ਤੇ ਦੋ ਦਿਨਾਂ ਅੰਤਰਰਾਸ਼ਟਰੀ ਕਾਨਫਰੰਸ ਦੀ ਸ਼ੁਰੂਆਤ ਹੋਈ ਜਿਸ ਵਿਚ ਵਾਈਸ-ਚਾਂਸਲਰ ਪ੍ਰੋ. ਕਰਮਜੀਤ ਸਿੰਘ ਨੇ ਕਿਹਾ ਕਿ ਨਵੀਂ ਤਕਨਾਲੋਜੀ ਦਾ ਵਰਤੋਂ ਮਨੁੱਖੀ ਭਲਾਈ ਅਤੇ ਨੈਤਿਕ ਮੁੱਲਾਂ ਨਾਲ ਜੋੜ ਕੇ ਕਰਨੀ ਚਾਹੀਦੀ ਏ। ਉਨ੍ਹਾਂ "ਸਰਬੱਤ ਦਾ ਭਲਾ" ਦੇ ਸਿਧਾਂਤ ਨੂੰ ਯਾਦ ਕਰਦਿਆਂ

ਕਿਹਾ ਕਿ ਏ.ਆਈ. ਦਾ ਲਾਭ ਹਰ ਵਿਅਕਤੀ ਤੱਕ ਪਹੁੰਚਣਾ ਚਾਹੀਦਾ ਏ।

---------------------------------------------------------------------------

- ਗ੍ਰਿਹ ਅਤੇ ਸਹਿਕਾਰਤਾ ਮੰਤਰੀ ਅਮਿਤ ਸ਼ਾਹ ਨੇ ਕਿਹੈ ਕਿ "ਭਾਰਤ ਟੈਕਸੀ, ਸਹਿਕਾਰੀ ਸਭਾ, ਡਰਾਈਵਰਾਂ ਨੂੰ ਉਨ੍ਹਾਂ ਦੇ ਕੰਮ ਦੀ ਮਾਲਕੀ ਦੇ ਕੇ ਉਨ੍ਹਾਂ ਨੂੰ ਮਜ਼ਬੂਤ ਬਣਾਏਗੀ।

- ਪੰਜਾਬ ਮੰਤਰੀ ਮੰਡਲ ਵਲੋਂ ਬੀਤੇ ਸਾਲ ਆਏ ਹੜ੍ਹਾਂ ਤੋਂ ਪ੍ਰਭਾਵਿਤ ਕਿਸਾਨਾਂ ਨੂੰ ਮੁਆਵਜ਼ਾ ਦੇਣ ਲਈ ਇੱਕ ਤਿੰਨ ਮੈਂਬਰੀ ਕਮੇਟੀ ਗਠਿਤ ਕਰਨ ਐਲਾਨ. ਆਬਕਾਰੀ ਨੀਤੀ ਦਾ ਵੀ ਐਲਾਨੀ ਗਈ.

- ਪੰਜਾਬ ਦਾ ਬਜਟ 8 ਮਾਰਚ ਨੂੰ ਅੰਤਰਰਾਸ਼ਟਰੀ ਮਹਿਲਾ ਦਿਵਸ 'ਤੇ ਪੇਸ਼ ਕੀਤਾ ਜਾਵੇਗਾ।

- ਗੁਰਦਾਸਪੁਰ 'ਚ ਕੱਲ੍ਹ ਮ੍ਰਿਤਕ ਪਾਏ ਗਏ ਡਿਊਟੀ 'ਤੇ ਤਾਇਨਾਤ ਪੰਜਾਬ ਪੁਲਿਸ ਦੇ ਦੋ ਮੁਲਾਜ਼ਮਾਂ ਦਾ ਅੱਜ ਪੁਲਿਸ ਸਨਮਾਨਾਂ ਨਾਲ ਅੰਤਿਮ ਸੰਸਕਾਰ ਕਰ ਦਿੱਤਾ ਗਿਆ।

- ਪੰਜਾਬ ਸਰਕਾਰ ਨੇ ਅਪ੍ਰੈਲ ਤੋਂ 'ਮੇਰੀ ਰਸੋਈ' ਯੋਜਨਾ ਤਹਿਤ ਸੂਬੇ ਦੇ ਸਾਰੇ 40 ਲੱਖ ਨੀਲੇ ਕਾਰਡ ਧਾਰਕਾਂ ਨੂੰ ਰਾਸ਼ਨ ਕਿੱਟਾਂ ਵੰਡਣ ਦਾ ਫੈਸਲਾ ਕੀਤਾ ਏ।

---

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ**

**ਨਮਸਕਾਰ !**